# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 18:20

**ਮਿਤੀ :17-12-2025**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਪਣੇ ਤਿੰਨ ਦੇਸ਼ਾਂ ਦੇ ਦੌਰੇ ਦੇ ਆਖਰੀ ਗੇੜ 'ਚ, ਅੱਜ ਓਮਾਨ ਪਹੁੰਚੇ।

- ਰੇਲ ਮੰਤਰਾਲੇ ਵਲੋਂ ਫਿਰੋਜ਼ਪੁਰ ਤੋਂ ਦਿੱਲੀ ਵੰਦੇ ਭਾਰਤ ਰੇਲਗੱਡੀ ਦੇ ਬਰਨਾਲਾ ਵਿਖੇ ਸਟਾਪੇਜ ਨੂੰ ਮਨਜ਼ੂਰੀ ਦਿੱਤੀ ਗਈ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ, ਸੂਬੇ ਵਿੱਚ ਨਸ਼ਿਆਂ ਖ਼ਿਲਾਫ਼ ਚਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਲਈ ਕੱਲ੍ਹ ਫਾਜ਼ਿਲਕਾ ਜ਼ਿਲੇ ਦੇ ਦੌਰੇ 'ਤੇ ਹੋਣਗੇ।

- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਸੰਘਣੀ  ਧੁੰਦ ਪੈਣ ਦੀ ਪੇਸ਼ੀਨਗੋਈ।

- ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਚੌਥਾ ਟਵੈਂਟੀ-ਟਵੈਂਟੀ ਕ੍ਰਿਕੇਟ ਮੈਚ ਅੱਜ ਲਖਨਊ ਵਿਖੇ ਖੇਡਿਆ ਜਾਵੇਗਾ।

***ਹੁਣ ਖਬਰਾਂ ਵਿਸਥਾਰ ਨਾਲ***

---

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਪਣੇ ਤਿੰਨ ਦੇਸ਼ਾਂ ਦੇ ਦੌਰੇ ਦੇ ਆਖਰੀ ਪੜਾਅ 'ਤੇ ਅੱਜ ਓਮਾਨ ਪਹੁੰਚ ਗਏ ਨੇ । ਪ੍ਰਧਾਨ ਮੰਤਰੀ, ਦਾ ਅੱਜ ਸ਼ਾਮ ਤੋਂ ਸ਼ੁਰੂ ਹੋ ਰਿਹਾ ਓਮਾਨ ਦਾ ਦੋ ਦਿਨਾਂ ਦੌਰਾ, ਵਿਕਾਸ ਨੂੰ ਵਧਾਉਣ ਲਈ ਇਕੱਠੇ ਕੰਮ ਕਰਨ ਵਾਸਤੇ ਸਬੰਧਾਂ ਨੂੰ ਅੱਗੇ ਹੋਰ ਮਜ਼ਬੂਤ ਕਰੇਗਾ । ਭਾਰਤ ਤੇ ਓਮਾਨ 70 ਸਾਲਾਂ ਦੇ ਕੂਟਨੀਤਕ ਸਬੰਧਾਂ ਅਤੇ ਸਦੀਆਂ ਪੁਰਾਣੇ ਨਿਘੇ ਸਬੰਧਾਂ ਦਾ ਜਸ਼ਨ ਮਨਾ ਰਹੇ ਨੇ। ਪੇਸ਼ ਏ ਪ੍ਰਧਾਨ ਮੰਤਰੀ ਦੀ ਓਮਾਨ ਯਾਤਰਾ ਨੂੰ ਕਵਰ ਕਰ ਰਹੇ ਸਾਡੇ ਪੱਤਰਕਾਰ ਤੋਂ ਇੱਕ ਰਿਪੋਰਟ :-

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ ਸ਼ਾਮ ਤੋਂ ਸ਼ੁਰੂ ਹੋ ਰਹੇ  ਓਮਾਨ ਦੇ  ਆਪਣੇ ਦੌਰੇ ਦੌਰਾਨ ਓਮਾਨ ਦੇ ਸੁਲਤਾਨ ਨਾਲ ਆਪਸੀ ਹਿੱਤਾਂ ਦੇ ਵੱਖ-ਵੱਖ ਮੁੱਦਿਆਂ 'ਤੇ ਗੱਲਬਾਤ ਕਰਨਗੇ । ਮਸਕੈਟ ਪਹੁੰਚਣ ਤੇ ਭਾਰਤੀ ਭਾਈਚਾਰੇ ਵਲੋਂ ਓਹਨਾ ਦਾ ਸਵਾਗਤ ਕੀਤਾ

ਜਾਵੇਗਾ। ਕੱਲ੍ਹ ਉਹ ਦੋਵਾਂ ਦੇਸ਼ਾਂ ਦੇ ਵਪਾਰਕ ਆਗੂਆਂ ਨਾਲ ਮੁਲਾਕਾਤ ਕਰਨਗੇ ਅਤੇ ਪਿਛਲੀਆਂ ਕਈ ਪੀੜ੍ਹੀਆਂ ਤੋਂ ਇੱਥੇ ਰਹਿ ਰਹੇ ਭਾਰਤੀ ਭਾਈਚਾਰੇ ਦੇ ਮੈਂਬਰਾਂ ਨਾਲ ਵੀ ਗੱਲਬਾਤ ਕਰਨਗੇ।

-----------------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਕਿਹਾ ਏ ਕਿ ਭਾਰਤ ਅਤੇ ਇਥੋਪੀਆ ਪਰਿਵਾਰ ਦੇ ਮੈਂਬਰ ਵਾਂਗ ਇਕੱਠੇ ਖੜ੍ਹੇ ਨੇ ਅਤੇ ਇੱਕ ਹੋਰ ਨਿਆਂਪੂਰਨ, ਵਧੇਰੇ ਬਰਾਬਰੀ ਵਾਲੇ ਅਤੇ ਵਧੇਰੇ ਸ਼ਾਂਤੀਪੂਰਨ ਵਿਸ਼ਵ ਲਈ ਇਕੱਠੇ ਕੰਮ ਕਰਨਗੇ। ਪ੍ਰਧਾਨ ਮੰਤਰੀ ਅੱਜ ਸਵੇਰੇ ਇਥੋਪੀਆ ਦੀ ਸੰਸਦ ਦੇ ਸਾਂਝੇ ਸੈਸ਼ਨ ਨੂੰ ਸੰਬੋਧਨ ਕਰ ਰਹੇ ਸਨ। ਗਲੋਬਲ ਸਾਊਥ ਦੀਆਂ ਇੱਛਾਵਾਂ ਬਾਰੇ, ਪ੍ਰਧਾਨ ਮੰਤਰੀ ਨੇ ਕਿਹਾ ਕਿ ਗਲੋਬਲ ਸਾਊਥ ਆਪਣਾ ਭਵਿੱਖ ਖੁਦ ਲਿਖ ਰਿਹਾ ਏ ਅਤੇ ਭਾਰਤ ਅਤੇ ਇਥੋਪੀਆ ਇਸ ਲਈ ਇੱਕ ਸਾਂਝਾ ਦ੍ਰਿਸ਼ਟੀਕੋਣ ਸਾਂਝਾ ਕਰਦੇ ਹਨ। ਇਹ ਦ੍ਰਿਸ਼ਟੀਕੋਣ ਇੱਕ ਅਜਿਹੀ ਦੁਨੀਆ ਲਈ ਏ ਜਿੱਥੇ ਗਲੋਬਲ ਸਾਊਥ ਕਿਸੇ ਦੇ ਵਿਰੁੱਧ ਨਹੀਂ ਬਲਕਿ ਸਾਰਿਆਂ ਲਈ ਖੜ੍ਹੇ ਹਨ।

BYTE

ਦੋਵਾਂ ਦੇਸ਼ਾਂ ਵਿਚਕਾਰ ਸਦੀਆਂ ਪੁਰਾਣੇ ਸਬੰਧਾਂ ਨੂੰ ਉਜਾਗਰ ਕਰਦੇ ਹੋਏ, ਪ੍ਰਧਾਨ ਮੰਤਰੀ ਮੋਦੀ ਨੇ ਕਿਹਾ ਕਿ ਏਕਤਾ ਵਿੱਚ ਤਾਕਤ ਏ ਅਤੇ ਸਹਿਯੋਗ ਵਿੱਚ ਸੰਭਾਵਨਾ ਏ। ਪ੍ਰਧਾਨ ਮੰਤਰੀ ਨੇ ਕਿਹਾ ਕਿ ਉਨ੍ਹਾਂ ਦੇ

ਰਾਸ਼ਟਰਪਤੀ ਦੇ ਪਿਛਲੇ 11 ਸਾਲਾਂ ਵਿੱਚ ਦੋਵਾਂ ਦੇਸ਼ਾਂ ਵਿਚਕਾਰ ਸਬੰਧ ਤੇਜ਼ੀ ਨਾਲ ਵਧੇ ਹਨ। ਸ਼੍ਰੀ ਮੋਦੀ ਨੇ ਕਿਹਾ ਕਿ ਅੱਜ ਦੀ ਦੁਨੀਆ ਵਿੱਚ, ਫੈਸਲਿਆਂ ਨੂੰ ਮੌਜੂਦਾ ਸਮੇਂ ਦੀਆਂ ਹਕੀਕਤਾਂ ਨੂੰ ਦਰਸਾਉਣਾ ਚਾਹੀਦਾ ਏ । ਅਫ਼ਰੀਕੀ ਦੇਸ਼ਾਂ ਦੀ ਆਪਣੀ ਫੇਰੀ ਪੂਰੀ ਕਰਨ ਤੋਂ ਬਾਅਦ, ਪ੍ਰਧਾਨ ਮੰਤਰੀ ਆਪਣੀ ਯਾਤਰਾ ਦੇ ਆਖਰੀ ਪੜਾਅ 'ਤੇ ਓਮਾਨ ਲਈ ਰਵਾਨਾ ਹੋਏ। ਸੰਸਦ ਸੈਸ਼ਨ ਨੂੰ ਸੰਬੋਧਨ ਕਰਨ ਤੋਂ ਪਹਿਲਾਂ, ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅਦੀਸ ਅਬਾਬਾ ਵਿੱਚ ਅਡਵਾ ਜਿੱਤ ਸਮਾਰਕ 'ਤੇ ਫੁੱਲਮਾਲਾ ਭੇਟ ਕੀਤੀ। ਪ੍ਰਧਾਨ ਮੰਤਰੀ ਨੇ ਕੱਲ੍ਹ ਅਦੀਸ ਅਬਾਬਾ ਵਿੱਚ ਆਪਣੇ ਇਥੋਪੀਆਈ ਹਮਰੁਤਬਾ, ਅਬੀ ਅਹਿਮਦ ਅਲੀ ਨਾਲ ਵਿਆਪਕ ਗੱਲਬਾਤ ਕੀਤੀ। ਦੋਵਾਂ ਦੇਸ਼ਾਂ ਨੇ ਅੱਠ ਸਮਝੌਤਿਆਂ 'ਤੇ ਦਸਤਖਤ ਕੀਤੇ । ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੂੰ ਇਥੋਪੀਆ ਦੇ ਪ੍ਰਧਾਨ ਮੰਤਰੀ ਡਾ: ਅਬੀ ਅਹਿਮਦ ਅਲੀ ਵੱਲੋਂ ਇਥੋਪੀਆ ਦੇ ਸਰ੍ਬੁਚ ਸਨਮਾਨ, 'The Great Honour Nishan of Ethiopia' ਨਾਲ ਵੀ ਸਨਮਾਨਿਤ ਕੀਤਾ ਗਿਆ।

---------------------------------------------------------

ਰੇਲ ਮੰਤਰੀ ਅਸ਼ਵਨੀ ਵੈਸ਼ਨਵ ਨੇ ਕਿਹਾ ਏ ਕਿ ਭਾਰਤੀ ਰੇਲਵੇ 'ਤੇ ਦੋ ਹਜ਼ਾਰ ਰੂਟ ਕਿਲੋਮੀਟਰ ਤੋਂ ਵੱਧ ਕਵਚ ਸਿਸਟਮ ਚਾਲੂ ਕੀਤਾ ਗਿਆ ਏ । ਮੁਸਾਫ਼ਿਰਾਂ ਅਤੇ ਰੇਲ ਸੰਚਾਲਨ ਦੀ ਸੁਰੱਖਿਆ ਨੂੰ ਵਧਾਉਣ ਲਈ

ਆਟੋਮੈਟਿਕ ਰੇਲ ਰਖਿਆ ਸਿਸਟਮ, ਕਵਚ, ਲਿਆਂਦਾ ਗਿਆ ਏ. ਅੱਜ ਲੋਕ ਸਭਾ ਵਿੱਚ ਪ੍ਰਸ਼ਨ ਕਾਲ ਦੌਰਾਨ ਜ਼ਿਮਨੀ ਸੁਆਲਾਂ ਦਾ ਜਵਾਬ ਦਿੰਦਿਆਂ, ਸ਼੍ਰੀ ਵੈਸ਼ਨਵ ਨੇ ਕਿਹਾ ਕਿ, ਰੇਲਵੇ ਨੇ ਚਾਰ ਹਜ਼ਾਰ 154 ਲੋਕੋਮੋਟਿਵਾਂ 'ਤੇ ਸਵਦੇਸ਼ੀ ਤੌਰ 'ਤੇ ਵਿਕਸਤ ਕਵਚ ਰੇਲ ਰਖਿਆ ਸਿਸਟਮ ਨੂੰ ਸਫਲਤਾ ਨਾਲ ਕਾਇਮ ਕੀਤਾ ਏ। ਉਨ੍ਹਾਂ ਕਿਹਾ ਕਿ, ਕਵਚ ਦੀ ਪ੍ਰਗਤੀ ਬਹੁਤ ਤੇਜ਼ ਏ ਅਤੇ 40 ਹਜ਼ਾਰ ਤੋਂ ਵੱਧ ਟੈਕਨੀਸ਼ੀਅਨ ਅਤੇ ਆਪਰੇਟਰਾਂ ਨੂੰ ਪਹਿਲਾਂ ਹੀ ਕਵਚ ਸਿਸਟਮ 'ਤੇ ਸਿਖਲਾਈ ਦਿੱਤੀ ਜਾ ਚੁੱਕੀ ਏ

byte

---------------------------------------------------------

ਰੇਲ ਮੰਤਰਾਲੇ ਨੇ ਫਿਰੋਜ਼ਪੁਰ ਤੋਂ ਦਿਲੀ ਵੰਦੇ ਭਾਰਤ ਰੇਲਗੱਡੀ ਦੇ ਬਰਨਾਲਾ ਵਿਖੇ ਸਟਾਪੇਜ ਨੂੰ ਮਨਜ਼ੂਰੀ ਦੇ ਦਿੱਤੀ ਏ।
ਇਸ ਫੈਸਲੇ ਬਾਰੇ ਜਾਣਕਾਰੀ ਦਿੰਦਿਆਂ ਕੇਂਦਰੀ ਰੇਲਵੇ ਅਤੇ ਖੁਰਾਕ ਪ੍ਰੋਸੈਸਿੰਗ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੇ ਦਸਿਆ।

BYTE

---------------------------------------------------------

ਪੰਜਾਬ ਵਿੱਚ ਜ਼ਿਲ੍ਹਾ ਪਰਿਸ਼ਦ ਅਤੇ ਪੰਚਾਇਤ ਸਮਿਤੀ ਚੋਣਾਂ ਲਈ ਵੋਟਾਂ ਦੀ ਗਿਣਤੀ ਦਾ ਕਾਰਜ ਅਮਨ-ਅਮਾਨ ਨਾਲ ਸਮਾਪਤ ਹੋਣ ਵੱਲ ਵੱਧ

ਰਿਹਾ ਏ। ਇਹ ਗਿਣਤੀ ਅੱਜ ਸਵੇਰੇ 141 ਮਾਈਕਰੋ ਅਜ਼ਬਰਵਰਾਂ ਦੀ ਮੌਜੂਦਗੀ ਅਤੇ ਸਖ਼ਤ ਸੁਰੱਖਿਆ ਪ੍ਰਬੰਧਾਂ ਹੇਠ ਸ਼ੁਰੂ ਹੋਈ। ਰਾਜ ਦੇ ਸਾਰੇ 134 ਗਿਣਤੀ ਕੇਂਦਰਾਂ ਵਿੱਚ ਸ਼ਾਮ ਤੱਕ ਵੋਟਾਂ ਦੀ ਗਿਣਤੀ ਚੱਲਦੀ ਰਹੀ। 14 ਦਸੰਬਰ ਨੂੰ ਪੰਚਾਇਤੀ ਸੰਸਥਾਵਾਂ ਲਈ ਇਹ ਵੋਟਾਂ ਪਈਆਂ ਸਨ ਅਤੇ ਇਨ੍ਹਾਂ 'ਚ ਉਤਰਨ ਵਾਲੇ 9000 ਤੋਂ ਵੱਧ ਉਮੀਦਵਾਰਾਂ ਬਾਰੇ ਫੈਸਲਾ ਅੱਜ  ਹੋ ਰਿਹਾ ਏ। ਚੋਣ ਕਮਿਸ਼ਨ ਨੇ ਅੱਜ ਵੋਟਾਂ ਦੀ ਗਿਣਤੀ ਦੇ ਪ੍ਰਬੰਧਾਂ ਦਾ ਜਾਇਜ਼ਾ ਲੈਣ ਲਈ ਸੂਬੇ  ਦੇ ਸਾਰੇ ਡਿਪਟੀ ਕਮਿਸ਼ਨਰਾਂ ਅਤੇ ਐਸਐਸਪੀ ਤੇ ਪੁਲੀਸ ਅਧਿਕਾਰੀਆਂ ਨੂੰ ਸਖ਼ਤ ਨਿਰਦੇਸ਼ ਦਿੱਤੇ ਹੋਏ ਹਨ।

---------------------------------------------------------------

ਪੰਜਾਬ ਵਿੱਚ ਨਸ਼ਿਆਂ ਖ਼ਿਲਾਫ਼ ਚਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਲਈ ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ ਕੱਲ੍ਹ ਨੂੰ ਫਾਜ਼ਿਲਕਾ ਜ਼ਿਲੇ ਦਾ ਦੌਰਾ ਕਰਨਗੇ। ਇਸ ਮੌਕੇ ਪੰਜਾਬ ਰੈੱਡ ਕਰਾਸ ਸੋਸਾਇਟੀ ਅਤੇ ਕਰਨ ਗਿਲਹੋਤਰਾ ਫਾਊਂਡੇਸ਼ਨ ਦੇ ਸਾਂਝੇ ਉਪਰਾਲੇ ਨਾਲ ਇੱਕ ਵੱਡਾ ਨਸ਼ਾ ਵਿਰੋਧੀ ਜਾਗਰੂਕਤਾ ਪੈਦਲ ਮਾਰਚ ਕੱਢਿਆ ਜਾਵੇਗਾ। ਇਸ ਸਬੰਧੀ ਗਿਲਹੋਤਰਾ ਫਾਊਂਡੇਸ਼ਨ ਦੇ ਸੰਸਥਾਪਕ ਕਰਨ ਗਿਲਹੋਤਰਾ ਨੇ ਦੱਸਿਆ ਕਿ ਇਹ ਮਾਰਚ ਕੱਲ ਸਵੇਰੇ 11 ਵਜੇ ਫਾਜ਼ਿਲਕਾ ਦੇ ਸੰਜੀਵ ਸਿਨੇਮਾ ਚੌਕ ਤੋਂ ਸ਼ੁਰੂ ਹੋਵੇਗਾ। ਰਾਜਪਾਲ  ਇਸ

ਦੀ ਅਗਵਾਈ ਕਰਦੇ ਹੋਏ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਸਿਹਤਮੰਦ ਜੀਵਨ ਅਪਣਾਉਣ ਅਤੇ ਸਹੀ ਦਿਸ਼ਾ ਵੱਲ ਪ੍ਰੇਰਿਤ ਕਰਨ ਦਾ ਸੰਦੇਸ਼ ਦੇਣਗੇ। ਮਾਰਚ ਦੌਰਾਨ ਨਸ਼ਿਆਂ ਦੇ ਮਾੜੇ ਪ੍ਰਭਾਵ, ਪਰਿਵਾਰਾਂ ਅਤੇ ਸਮਾਜ ‘ਤੇ ਪੈਂਦੇ ਨੁਕਸਾਨ ਅਤੇ ਇਸ ਬੁਰਾਈ ਨੂੰ ਖਤਮ ਕਰਨ ਵਿੱਚ ਸਮਾਜ ਦੀ ਭੂਮਿਕਾ ਬਾਰੇ ਵੀ ਜਾਗਰੂਕਤਾ ਸੰਦੇਸ਼ ਦਿੱਤੇ ਜਾਣਗੇ। ਇਸ ਮਗਰੋਂ ਰਾਜਪਾਲ ਆਸਫਵਾਲਾ ਸ਼ਹੀਦ ਸਮਾਰਕ ਉਤੇ ਦੇਸ਼ ਲਈ ਕੁਰਬਾਨੀ ਦੇਣ ਵਾਲੇ ਸ਼ਹੀਦਾਂ ਨੂੰ ਸ਼ਰਧਾਂਜਲੀ ਭੇਟ ਕਰਨਗੇ। ਜ਼ਿਲ੍ਹਾ ਪ੍ਰਸ਼ਾਸਨ ਅਤੇ ਪੁਲਿਸ ਵੱਲੋਂ ਮਾਰਚ ਦੇ ਸੁਚਾਰੂ ਅਤੇ ਸ਼ਾਂਤੀਪੂਰਨ ਆਯੋਜਨ ਲਈ ਪੂਰੇ ਪ੍ਰਬੰਧ ਕੀਤੇ ਜਾ ਰਹੇ ਨੇ। ਇਸ ਦੌਰੇ ਦੇ ਮੱਦੇਨਜ਼ਰ ਸਾਰੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਗਈਆਂ ਨੇ।

---

ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਫਤਹਿਗੜ੍ਹ ਸਾਹਿਬ ਦੀ ਪਾਵਨ ਧਰਤੀ ’ਤੇ ਸ਼ਹੀਦੀ ਸਭਾ ਮੌਕੇ ਛੋਟੇ ਸਾਹਿਬਜ਼ਾਦਿਆਂ ਅਤੇ ਮਾਤਾ ਗੁਜਰੀ ਜੀ ਦੀ ਮਹਾਨ ਕੁਰਬਾਨੀ ਨੂੰ ਸਿਜਦਾ ਕਰਨ ਲਈ ਕੀਤੇ ਗਏ ਪ੍ਰਬੰਧਾਂ ਬਾਰੇ ਕਿਹਾ ਕਿ ਕਿਸੇ ਵੀ ਸ਼ਰਧਾਲੂ ਨੂੰ ਕੋਈ ਮੁਸ਼ਕਲ ਪੇਸ਼ ਨਾ ਨਹੀਂ ਆਉਣ ਦਿੱਤੀ ਜਾਵੇਗੀ। ਮੁੱਖ ਮੰਤਰੀ ਨੇ ਕਿਹਾ ਕਿ ਸੰਗਤ ਦੀ ਵੱਡੀ ਆਮਦ ਦੇ ਮੱਦੇਨਜ਼ਰ ਸਿਹਤ ਸਹੂਲਤਾਂ ਲਈ ਵਿਸ਼ੇਸ਼ ਉਪਰਾਲੇ ਕੀਤੇ ਗਏ ਹਨ। ਉਨ੍ਹਾਂ ਦੱਸਿਆ ਕਿ 20 ਆਮ ਆਦਮੀ ਕਲੀਨਿਕ ਅਤੇ

5 ਡਿਸਪੈਂਸਰੀਆਂ ਸਥਾਪਤ ਕੀਤੀਆਂ ਜਾ ਰਹੀਆਂ ਨੇ ਜਿੱਥੇ ਮਾਹਿਰ ਡਾਕਟਰ ਅਤੇ ਬਾਕੀ ਸਟਾਫ ਮੌਜੂਦ ਰਹੇਗਾ। ਉਨ੍ਹਾਂ ਕਿਹਾ ਕਿ ਇਨ੍ਹਾਂ ਕਲੀਨਿਕਾਂ ਅਤੇ ਡਿਸਪੈਂਸਰੀਆਂ ਲਈ ਦਵਾਈਆਂ ਅਤੇ ਹੋਰ ਸਾਜ਼ੋ-ਸਾਮਾਨ ਦੀ ਵਿਵਸਥਾ ਕਰ ਲਈ ਏ । ਮੁੱਖ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ਹਿਰ ਵਿੱਚ ਸੰਗਤ ਦੇ ਆਉਣ-ਜਾਣ ਲਈ ਮੁਫ਼ਤ ਸਫਰ ਦੀ ਸਹੂਲਤ ਦੇਣ ਲਈ 'ਇੰਟਰ ਸਿਟੀ ਸ਼ਟਲ ਬੱਸ ਸੇਵਾ' ਸ਼ੁਰੂ ਕੀਤੀ ਜਾਵੇਗੀ ਅਤੇ ਸ਼ਹੀਦੀ ਸਭਾ ਦੌਰਾਨ 200 ਸ਼ਟਲ ਬੱਸਾਂ ਅਤੇ 100 ਈ-ਰਿਕਸ਼ੇ ਸੰਗਤ ਲਈ ਤਾਇਨਾਤ ਹੋਣਗੇ। ਭਗਵੰਤ ਸਿੰਘ ਮਾਨ ਨੇ ਕਿਹਾ ਕਿ ਇਹ ਬੱਸਾਂ ਅਤੇ ਈ-ਰਿਕਸ਼ੇ ਬਾਹਰੋਂ ਆਉਣ ਵਾਲੀਆਂ ਸੰਗਤਾਂ ਨੂੰ ਪਾਰਕਿੰਗ ਵਾਲੀਆਂ ਥਾਵਾਂ ਤੋਂ ਗੁਰਦੁਆਰਾ ਸਾਹਿਬ ਅਤੇ ਹੋਰ ਥਾਵਾਂ ਤੇ ਲਿਜਾਣਗੇ । ਸੁਰੱਖਿਆ ਵਿਵਸਥਾ ਬਾਰੇ ਮੁੱਖ ਮੰਤਰੀ ਨੇ ਦੱਸਿਆ ਕਿ 3300 ਤੋਂ ਵੱਧ ਪੁਲਿਸ ਜਵਾਨ ਸੰਗਤਾਂ ਦੀ ਸਹਾਇਤਾ ਲਈ ਡਿਊਟੀ 'ਤੇ ਤਾਇਨਾਤ ਰਹਿਣਗੇ। ਉਨ੍ਹਾਂ ਦੱਸਿਆ ਕਿ ਪੁਲਿਸ ਇੰਟੇਗ੍ਰੇਟਿਡ ਕੰਟਰੋਲ ਸੈਂਟਰ ਸਥਾਪਤ ਕੀਤਾ ਗਿਆ ਜਿੱਥੇ ਸੰਗਤ ਦੀ ਸਹੂਲਤ ਲਈ ਵਿਸ਼ੇਸ਼ ਹੈਲਪਲਾਈਨ ਨੰਬਰ 0176-32-32-838 ਵੀ ਜਾਰੀ ਕੀਤਾ ਗਿਆ ਏ ।

---------------------------------------------------

ਸੂਬੇ ਵਿੱਚ ਜੰਗਲਾਤ ਹੇਠਲੇ ਰਕਬੇ ਨੂੰ ਵਧਾਉਣ ਅਤੇ ਆਉਣ ਵਾਲੀਆਂ ਪੀੜ੍ਹੀਆਂ ਲਈ ਇੱਕ ਸਾਫ਼-ਸੁਥਰਾ ਅਤੇ ਹਰਾ ਭਰਾ ਵਾਤਾਵਰਣ ਯਕੀਨੀ ਬਣਾਉਣ ਦੇ ਉਦੇਸ਼ ਨਾਲ, ਪੰਜਾਬ ਸਰਕਾਰ 8 ਜੰਗਲ ਅਤੇ ਕੁਦਰਤ ਜਾਗਰੂਕਤਾ ਪਾਰਕ ਵਿਕਸਿਤ ਕਰ ਰਹੀ ਏ। ਇਨ੍ਹਾਂ ਵਿੱਚੋਂ ਚਾਰ ਪਾਰਕ ਪਠਾਨਕੋਟ ਵਿੱਚ, 2 ਪਟਿਆਲਾ ਵਿੱਚ ਅਤੇ ਅੰਮ੍ਰਿਤਸਰ ਅਤੇ ਹੁਸ਼ਿਆਰਪੁਰ ਵਿੱਚ 1-1 ਪਾਰਕ ਗਰੀਨਿੰਗ ਪੰਜਾਬ ਮਿਸ਼ਨ ਅਧੀਨ ਵਿਕਸਿਤ ਕੀਤੇ ਜਾ ਰਹੇ ਹਨ। ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਦੀ ਅਗਵਾਈ ਹੇਠ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਇਨ੍ਹਾਂ ਪ੍ਰੋਜੈਕਟਾਂ ਨੂੰ ਪੂਰਾ ਕਰਨ ਲਈ ਜੰਗੀ ਪੱਧਰ 'ਤੇ ਕੰਮ ਕਰ ਰਿਹਾ ਏ। ਪਠਾਨਕੋਟ ਵਿੱਚ, ਪਿੰਡ ਘਰੋਟਾ , ਕਟਾਰੂਚੱਕ, ਹੈਬਤ ਪਿੰਡੀ ਅਤੇ ਆਈ.ਟੀ.ਆਈ. ਬਮਿਆਲ ਵਿਖੇ ਇਹ ਵਾਤਾਵਰਣ ਪਾਰਕ ਬਣਾਏ ਜਾ ਰਹੇ ਹਨ। ਇਸੇ ਤਰ੍ਹਾਂ, ਪਟਿਆਲਾ ਵਿੱਚ ਬੈਰਨ ਮਾਈਨਰ ਸਮੇਤ ਦੋ ਥਾਵਾਂ 'ਤੇ ਅਤੇ ਅੰਮ੍ਰਿਤਸਰ ਵਿੱਚ, ਪਿੰਡ ਜਗਦੇਵ ਕਲਾਂ ਪੁਲ ਵਿਖੇ ਵਾਤਾਵਰਣ ਪਾਰਕ ਬਣਾਇਆ ਜਾ ਰਿਹਾ ਏ ,ਜਦੋਂ ਕਿ ਹੁਸ਼ਿਆਰਪੁਰ ਦੇ ਬੱਸੀ ਪੁਰਾਣੀ ਵਿਖੇ ਇੱਕ ਵਣ ਚੇਤਨਾ ਪਾਰਕ ਪ੍ਰਗਤੀ ਅਧੀਨ ਏ। ਇਸ ਸਬੰਧ ਵਿੱਚ, ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਵਿਭਾਗ ਵੱਲੋਂ ਪੰਜਾਬ 'ਦਿ ਪੰਜਾਬ ਪ੍ਰੋਟੈਕਸ਼ਨ ਆਫ਼ ਟ੍ਰੀਜ਼ ਐਕਟ, 2025' ਦਾ ਖਰੜਾ ਤਿਆਰ ਕਰਨ ਦੀ ਪ੍ਰਕਿਰਿਆ ਚੱਲ ਰਹੀ ਹੈ, ਜਿਸਦਾ ਉਦੇਸ਼

ਹਰਿਆਵਲ ਨੂੰ ਬਣਾਈ ਰੱਖਣਾ, ਵਾਤਾਵਰਣ ਸੰਤੁਲਨ ਨੂੰ ਯਕੀਨੀ ਬਣਾਉਣਾ ਅਤੇ ਵਾਤਾਵਰਣ ਪ੍ਰਦੂਸ਼ਣ ਨੂੰ ਰੋਕਣ ਦੇ ਨਾਲ-ਨਾਲ ਹੀ ਮਿੱਟੀ ਦੀ ਸੰਭਾਲ ਕਰਨਾ ਏ। ਇਹ ਐਕਟ ਪੰਜਾਬ ਦੇ ਸਾਰੇ ਸ਼ਹਿਰੀ ਖੇਤਰਾਂ ਵਿੱਚ ਲਾਗੂ ਹੋਵੇਗਾ। ।

---------------------------------------------------------

ਪੰਜਾਬ ਪੁਲਿਸ ਨੇ ਮੋਹਾਲੀ ਵਿੱਚ ਕੰਵਰ ਦਿਗਵਿਜੇ ਸਿੰਘ ਉਰਫ ਰਾਣਾ ਬਲਾਚੌਰੀਆ ਦੇ ਹਾਲ ਹੀ ਵਿੱਚ ਹੋਏ ਕਤਲ ਦੇ ਸਬੰਧ ਵਿੱਚ ਤਰਨਤਾਰਨ ਦੇ ਹਰਪਿੰਦਰ ਉਰਫ ਮਿੱਡੂ ਨੂੰ ਗ੍ਰਿਫ਼ਤਾਰ ਕੀਤਾ ਏ। ਪੁਲਿਸ ਟੀਮ ਨਾਲ ਹੋਈ ਗੋਲੀਬਾਰੀ ਤੋਂ ਬਾਅਦ ਮੁਲਜ਼ਮ ਨੂੰ ਗ੍ਰਿਫ਼ਤਾਰ ਕਰ ਲਿਆ ਗਿਆ। ਕਾਰਵਾਈ ਦੌਰਾਨ, ਮੁਲਜ਼ਮ ਨੂੰ ਸੱਟਾਂ ਲੱਗੀਆਂ ਅਤੇ ਉਸਨੂੰ ਹਸਪਤਾਲ ਭੇਜ ਦਿੱਤਾ ਗਿਆ ਏ। ਪਿੱਛਾ ਕਰਨ ਦੌਰਾਨ ਦੋ ਪੁਲਿਸ ਕਰਮਚਾਰੀ ਵੀ ਜ਼ਖਮੀ ਹੋ ਗਏ ਅਤੇ ਉਨ੍ਹਾਂ ਦਾ ਡਾਕਟਰੀ ਇਲਾਜ ਚੱਲ ਰਿਹਾ ਏ। ਮੁੱਢਲੀ ਜਾਂਚ ਤੋਂ ਪਤਾ ਚੱਲਿਆ ਏ ਕਿ ਨੌਸ਼ਹਿਰਾ ਪੰਨੂਆਂ ਦਾ ਰਹਿਣ ਵਾਲਾ ਗ੍ਰਿਫ਼ਤਾਰ ਮੁਲਜ਼ਮ ਕਈ ਘਿਨਾਉਣੇ ਅਪਰਾਧਾਂ ਵਿੱਚ ਸ਼ਾਮਲ ਏ ਅਤੇ ਉਸਦਾ ਗੰਭੀਰ ਅਪਰਾਧਿਕ ਪਿਛੋਕੜ ਏ। ਅਗਲੇਰੀ ਜਾਂਚ ਜਾਰੀ ਏ।

---------------------------------------------------------

ਮੌਸਮ ਵਿਭਾਗ ਨੇ ਪੰਜਾਬ, ਹਰਿਆਣਾ, ਚੰਡੀਗੜ੍ਹ, ਹਿਮਾਚਲ ਪ੍ਰਦੇਸ਼,

ਉਤਰਾਖੰਡ, ਦਿੱਲੀ ਤੇ ਪੱਛਮੀ ਰਾਜਸਥਾਨ ਦੇ ਕੁਝ ਹਿੱਸਿਆਂ ਵਿੱਚ ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ ਕੀਤੀ ਏ। ਇਸ ਦੌਰਾਨ, ਦਿੱਲੀ-ਐਨਸੀਆਰ ਵਿੱਚ ਹਵਾ ਦੀ ਗੁਣਵੱਤਾ ਵਿੱਚ ਮਾਮੂਲੀ ਸੁਧਾਰ ਹੋਇਆ ਏ ਪਰ ਇਹ ਬੇਹਦ ਮਾੜੀ ਸ਼੍ਰੇਣੀ ਬਣੀ ਹੋਈ ਏ। ਕੇਂਦਰੀ ਪ੍ਰਦੂਸ਼ਣ ਕੰਟਰੋਲ ਬੋਰਡ (CPCB) ਮੁਤਾਬਿਕ, ਅੱਜ ਸਵੇਰੇ 7 ਵਜੇ ਤੱਕ ਰਾਸ਼ਟਰੀ ਰਾਜਧਾਨੀ ਵਿੱਚ ਔਸਤ ਹਵਾ ਗੁਣਵੱਤਾ ਸੂਚਕੰਕ (AQI) 329 ਸੀ, ਜੋ ਪਹਿਲਾਂ ਦੇ ਗੰਭੀਰ ਪੱਧਰਾਂ ਤੋਂ ਸੁਧਰ ਰਿਹਾ ਏ।

---------------------------------------------------------

ਹੁਸ਼ਿਆਰਪੁਰ ਜ਼ਿਲ੍ਹੇ ਵਿੱਚ ਅੱਜ 'ਅਨੀਮੀਆ ਮੁਕਤ ਦਿਵਸ' ਮਨਾਇਆ ਗਿਆ। ਜ਼ਿਲ੍ਹਾ ਦੇ ਸਾਰੇ ਆਂਗਨਵਾੜੀ ਕੇਂਦਰਾਂ ਵਿਚ ਆਂਗਨਵਾੜੀ ਵਰਕਰਾਂ ਅਤੇ ਮੌਜੂਦ ਲੋਕਾਂ ਨੇ 'ਅਨੀਮੀਆ ਮੁਕਤ ਭਾਰਤ' ਦਾ ਨਾਅਰਾ ਬੁਲੰਦ ਕਰਕੇ ਜਨ ਜਾਗਰੂਕਤਾ ਦਾ ਸੰਦੇਸ਼ ਦਿੱਤਾ। ਪ੍ਰੋਗਰਾਮ ਦੌਰਾਨ ਇਹ ਸਮਝਾਇਆ ਗਿਆ ਕਿ ਅਨੀਮੀਆ ਇਕ ਗੰਭੀਰ ਅਤੇ ਜਾਨਲੇਵਾ ਬਿਮਾਰੀ ਹੋ ਸਕਦੀ ਏ , ਜਿਸਦੀ ਜਲਦੀ ਪਛਾਣ ਹੋਣ 'ਤੇ ਇਸਨੂੰ ਰੋਕਿਆ ਜਾ ਸਕਦਾ ਏ। ਸਰੀਰ ਨੂੰ ਸਿਹਤਮੰਦ ਰੱਖਣ ਅਤੇ ਸਹੀ ਵਿਕਾਸ ਲਈ, ਕਈ ਤਰ੍ਹਾਂ ਦੇ ਪੌਸ਼ਟਿਕ ਤੱਤਾਂ ਦੀ ਲੋੜ ਹੁੰਦੀ ਏ , ਜਿਨ੍ਹਾਂ ਵਿੱਚੋਂ ਆਇਰਨ ਦਾ ਵਿਸ਼ੇਸ਼ ਮਹੱਤਵ ਹੁੰਦਾ ਏ। ਆਇਰਨ ਦੀ ਕਮੀ

ਨਾਲ ਸਰੀਰ ਵਿੱਚ ਖੂਨ ਦੀ ਕਮੀ ਹੋ ਜਾਂਦੀ ਏ , ਜਿਸਦਾ ਸਿਹਤ 'ਤੇ ਮਾੜਾ ਪ੍ਰਭਾਵ ਪੈਂਦਾ ਏ ।

-----------------------------------------------------

ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਚੌਥਾ TWENTY– twenty ਕ੍ਰਿਕੇਟ ਮੈਚ ਅੱਜ ਲਖਨਊ ਵਿੱਚ ਖੇਡਿਆ ਜਾਵੇਗਾ । ਮੈਚ ਹੁਣ ਤੋਂ ਥੋੜੀ ਦੇਰ ਬਾਅਦ ਸ਼ਾਮ 7 ਵਜੇ ਸ਼ੁਰੂ ਹੋਵੇਗਾ। ਭਾਰਤ, ਪੰਜ ਮੈਚਾਂ ਦੀ ਲੜੀ ਵਿੱਚ 2-1 ਨਾਲ ਅੱਗੇ ਏ ।

ਪੰਜਵਾਂ ਅਤੇ ਆਖਰੀ ਮੈਚ ਸ਼ੁੱਕਰਵਾਰ ਨੂੰ ਅਹਿਮਦਾਬਾਦ ਵਿੱਚ ਖੇਡਿਆ ਜਾਵੇਗਾ। ਆਲਰਾਉਂਡਰ ਅਕਸ਼ਰ ਪਟੇਲ ਸਿਹਤ ਠੀਕ ਨਾ ਹੋਣ ਕਾਰਨ ਲੜੀ ਤੋਂ ਬਾਹਰ ਹੋ ਗਏ ਨੇ । ਸ਼ਾਹਬਾਜ਼ ਅਹਿਮਦ ਨੂੰ ਓਹਨਾਂ ਦੀ ਥਾਂ ਟੀਮ ਵਿੱਚ ਸ਼ਾਮਲ ਕੀਤਾ ਗਿਆ ਏ ।

-----------------------------------------------------

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਆਪਣੇ ਤਿੰਨ ਦੇਸ਼ਾਂ ਦੇ ਦੌਰੇ ਦੇ ਆਖਰੀ ਗੇੜ 'ਚ, ਅੱਜ ਓਮਾਨ ਪਹੁੰਚੇ ।

- ਰੇਲ ਮੰਤਰਾਲੇ ਵਲੋਂ ਫਿਰੋਜ਼ਪੁਰ ਤੋਂ ਦਿੱਲੀ ਵੰਦੇ ਭਾਰਤ ਰੇਲਗੱਡੀ ਦੇ ਬਰਨਾਲਾ ਵਿਖੇ ਸਟਾਪੇਜ ਨੂੰ ਮਨਜ਼ੂਰੀ ਦਿੱਤੀ ਗਈ ।

- ਪੰਜਾਬ ਦੇ ਰਾਜਪਾਲ ਗੁਲਾਬ ਚੰਦ ਕਟਾਰੀਆ, ਸੂਬੇ ਵਿੱਚ ਨਸ਼ਿਆਂ ਖ਼ਿਲਾਫ਼ ਚਲ ਰਹੀ ਮੁਹਿੰਮ ਨੂੰ ਹੋਰ ਮਜ਼ਬੂਤ ਕਰਨ ਲਈ ਕੱਲ੍ਹ ਫਾਜ਼ਿਲਕਾ ਜ਼ਿਲੇ ਦੇ ਦੌਰੇ 'ਤੇ ਹੋਣਗੇ।

- ਮੌਸਮ ਵਿਭਾਗ ਵਲੋਂ ਪੰਜਾਬ, ਹਰਿਆਣਾ ਤੇ ਚੰਡੀਗੜ੍ਹ ਵਿੱਚ ਸੰਘਣੀ ਧੁੰਦ ਪੈਣ ਦੀ ਪੇਸ਼ੀਨਗੋਈ।

- ਭਾਰਤ ਅਤੇ ਦੱਖਣੀ ਅਫਰੀਕਾ ਦਰਮਿਆਨ ਚੌਥਾ ਟਵੈਂਟੀ-ਟਵੈਂਟੀ ਕ੍ਰਿਕੇਟ ਮੈਚ ਅੱਜ ਲਖਨਊ ਵਿਖੇ ਖੇਡਿਆ ਜਾਵੇਗਾ ।

---

**ਇਸਦੇ ਨਾਲ ਖਬਰਾਂ ਦਾ ਇਹ ਬੁਲੇਟਿਨ ਖਤਮ ਹੋਇਆ, ਖਬਰਾਂ ਦਾ ਅਗਲਾ ਬੁਲੇ ਟਿਨ ਤੁਸੀਂ ਸੁਣੋਗੇ 7 ਵੱਜਕੇ 30 ਮਿੰਟ 'ਤੇ ਨਮਸਕਾਰ !**